**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰਬੋਧ ਚੰਦਰ ਬਾਲੀ, (94170-10035)
121-ਏ, ਕ੍ਰਿਸ਼ਨਾ ਸੁਕੇਅਰ-2,
ਬਟਾਲਾ ਰੋਡ, ਅੰਮ੍ਰਿਤਸਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ, ਨਗਰ ਨਿਗਮ,
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ, ਨਗਰ ਨਿਗਮ,
ਅੰਮ੍ਰਿਤਸਰ। ------ਉੱਤਰਦਾਤਾ

**ਅਪੀਲ ਕੇਸ ਨੰ:523/2019**

**ਹਾਜ਼ਰ:-**

1) ਸ਼੍ਰੀ ਪ੍ਰਬੋਧ ਚੰਦਰ ਬਾਲੀ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅੰਮਿਤ ਸਿੰਘ, ਲਾਅ ਅਫਸਰ (84270-50066) ਅਤੇ ਸ਼੍ਰੀ ਰਵਿੰਦਰ ਕੁਮਾਰ, ਸੈਨੇਟਰੀ ਇੰਸਪੈਕਟਰ (80549-66004)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-10-2017, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਨਗਰ ਨਿਗਮ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੈਨੇਟਰੀ ਇੰਸਪੈਕਟਰਾਂ ਅਤੇ ਚੀਫ ਸੈਨੇਟਰੀ ਇੰਸਪੈਕਟਰਾਂ ਲਈ ਡਿਊਟੀ ਦੇ ਕੰਮ-ਕਾਰ ਦੇ ਸਮੇਂ ਅਤੇ ਹਾਜ਼ਰੀ ਆਦਿ ਨਾਲ ਸਬੰਧਤ 08 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-02-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 26-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅੰਮਿਤ ਸਿੰਘ, ਲਾਅ ਅਫਸਰ ਨੇ ਕਿਹਾ ਕਿ ਅਪੀਲਕਰਤਾ ਨੂੰ ਸੂਚਨਾ ਦੇ ਦਿੱਤੀ ਗਈ ਹੈ। ਅਪੀਲਕਰਤਾ ਨੇ ਸੂਚਨਾ ਚੈੱਕ ਕਰਨ ਉਪਰੰਤ ਕਿਹਾ ਕਿ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਕੇਸ ਬੰਦ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 30 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰਬੋਧ ਚੰਦਰ ਬਾਲੀ, (94170-10035)
121-ਏ, ਕ੍ਰਿਸ਼ਨਾ ਸੁਕੇਅਰ-2,
ਬਟਾਲਾ ਰੋਡ, ਅੰਮ੍ਰਿਤਸਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ, ਨਗਰ ਨਿਗਮ,
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ, ਨਗਰ ਨਿਗਮ,
ਅੰਮ੍ਰਿਤਸਰ। ------ਉੱਤਰਦਾਤਾ

**ਅਪੀਲ ਕੇਸ ਨੰ:527/2019**

**ਹਾਜ਼ਰ:-**

1) ਸ਼੍ਰੀ ਪ੍ਰਬੋਧ ਚੰਦਰ ਬਾਲੀ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅੰਮਿਤ ਸਿੰਘ, ਲਾਅ ਅਫਸਰ (84270-50066) ਅਤੇ ਸ਼੍ਰੀ ਰਵਿੰਦਰ ਕੁਮਾਰ, ਸੈਨੇਟਰੀ ਇੰਸਪੈਕਟਰ (80549-66004)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-08-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਨਗਰ ਨਿਗਮ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਨਿਗਮ, ਅੰਮ੍ਰਿਤਸਰ ਦੀ ਹੱਦ ਵਿੱਚੋਂ ਦੁੱਧ ਡੈਰ੍ਹੀਆਂ ਨੂੰ ਬਾਹਰ ਸ਼ਿਫਟ ਕਰਨ ਬਾਰੇ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਦੀ ਕਾਪੀ ਅਤੇ ਇਨ੍ਹਾਂ ਹੁਕਮਾਂ ਅਨੁਸਾਰ ਸਿਫ਼ਟ ਕੀਤੀਆਂ ਗਈਆਂ ਡੈਰ੍ਹੀਆਂ ਆਦਿ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 26-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅੰਮਿਤ ਸਿੰਘ, ਲਾਅ ਅਫਸਰ ਨੇ ਕਿਹਾ ਕਿ ਅਪੀਲਕਰਤਾ ਨੂੰ ਸੂਚਨਾ ਦੇ ਦਿੱਤੀ ਗਈ ਹੈ। ਅਪੀਲਕਰਤਾ ਨੇ ਸੂਚਨਾ ਚੈੱਕ ਕਰਨ ਉਪਰੰਤ ਕਿਹਾ ਕਿ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਕੇਸ ਬੰਦ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 30 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰੀਸ਼ ਕੁਮਾਰ ਸ਼ਰਮਾ, (94122-77007)
ਵਾਸੀ ਵਿਵੇਕਾਨੰਦ ਨਗਰ,
ਅਲੀਗੜ੍ਹ ਮਾਰਗ,
ਹਾਥਰਸ-204101,
ਉੱਤਰ ਪ੍ਰਦੇਸ਼। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਇੰਡੀਅਨ ਅਕੈਡਮੀ ਆਫ਼ ਨਿਓਰੋਲੋਜੀ,
ਦਿਆ ਨੰਦ ਮੈਡੀਕਲ ਕਾਲਿਜ ਅਤੇ ਹਸਪਤਾਲ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਇੰਡੀਅਨ ਅਕੈਡਮੀ ਆਫ਼ ਨਿਓਰੋਲੋਜੀ,
ਦਿਆ ਨੰਦ ਮੈਡੀਕਲ ਕਾਲਿਜ ਅਤੇ ਹਸਪਤਾਲ,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ 754/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-05-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਇੰਡੀਅਨ ਅਕੈਡਮੀ ਆਫ਼ ਨਿਓਰੋਲੋਜੀ, ਦਿਆ ਨੰਦ ਮੈਡੀਕਲ ਕਾਲਿਜ ਅਤੇ ਹਸਪਤਾਲ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਸਕੂਲਰ ਡਿਸਟ੍ਰੌਫੀ (ਡੀ.ਐਮ.ਡੀ.) ਨਾਲ ਸਬੰਧਤ ਜੈਨੇਟਿਕ ਕੇਸਾਂ ਵਿੱਚ ਬਾਲ ਰੋਗੀਆਂ ਦੇ ਟੈਸਟਾਂ ਅਤੇ ਇਲਾਜ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-02-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-04-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਪੇਸ਼ੀ ਮਿਤੀ 16-04-2019 ਤੋਂ ਬਾਅਦ ਇਹ ਕੇਸ ਮਿਤੀ 04-06-2019, 09-07-2019 ਅਤੇ ਅੱਜ ਮਿਤੀ 30-07-2019 ਨੂੰ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ। ਦੋਵਾਂ ਧਿਰਾਂ ਵੱਲੋਂ ਲਗਾਤਾਰ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋ ਰਿਹਾ। ਇਸ ਕੇਸ ਨੂੰ ਗਹੁ ਨਾਲ ਘੋਖਣ ਉਪਰੰਤ ਇਹ ਪਾਇਆ ਗਿਆ ਹੈ ਕਿ ਡਾਇਰੈਕਟਰ ਇੰਡੀਅਨ ਅਕੈਡਮੀ ਆਫ਼ ਨਿਓਰੋਲੋਜੀ, ਦਿਆ ਨੰਦ ਮੈਡੀਕਲ ਕਾਲਿਜ ਅਤੇ ਹਸਪਤਾਲ, ਲੁਧਿਆਣਾ, ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ "ਲੋਕ ਅਥਾਰਟੀ" (Public Authority) ਨਹੀਂ ਹੈ। ਅਪੀਲਕਰਤਾ ਵੀ ਇਸ ਕੇਸ ਵਿੱਚ ਸੂਚਨਾ ਪ੍ਰਾਪਤ ਕਰਨ ਲਈ ਕੋਈ ਦਿਲਚਸਪੀ ਨਹੀਂ ਲੈ ਰਿਹਾ। ਇਸ ਕਰਕੇ ਇਸ ਕੇਸ ਨੂੰ ਚਲਦਾ ਰੱਖਣਾ ਵਾਜਿਬ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 30 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਜੋਤੀ ਰਾਣੀ, ਐਡਵੋਕੇਟ,
ਸਰਕਾਰੀ ਸਟਾਫ ਕੁਆਟਰ ਨੰ: ਜੇ-6,
ਜੇ-ਬਲਾਕ, ਟਾਈਪ-।।।, ਸਿਵਲ ਸਟੇਸ਼ਨ,
ਬਠਿੰਡਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ,
ਇੰਡਸਟਰੀਅਲ ਗਰੋਥ ਸੈਂਟਰ, ਬਠਿੰਡਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ,
ਇੰਡਸਟਰੀਅਲ ਗਰੋਥ ਸੈਂਟਰ, ਬਠਿੰਡਾ। ------ਉੱਤਰਦਾਤਾ

**ਅਪੀਲ ਕੇਸ ਨੰ:1359/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-01-2019, ਲੋਕ ਸੂਚਨਾ ਅਧਿਕਾਰੀ ਦਫਤਰ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ, ਇੰਡਸਟਰੀਅਲ ਗਰੋਥ ਸੈਂਟਰ, ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ, ਇੰਡਸਟਰੀਅਲ ਗਰੋਥ ਸੈਂਟਰ, ਬਠਿੰਡਾ ਵਿਖੇ ਟੂਰੀਜ਼ਮ ਵਿਭਾਗ ਪੰਜਾਬ ਰਾਹੀਂ ਭਰਤੀ ਕੀਤੇ ਗਏ ਕਰਮਚਾਰੀਆਂ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 16-07-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਅਪੀਲਕਰਤਾ ਵੱਲੋਂ ਹਾਜ਼ਰ ਮਿਸ. ਰਮਨਪ੍ਰੀਤ ਕੌਰ, ਐਡਵੋਕੇਟ ਨੇ ਕਿਹਾ ਸੀ ਕਿ ਉਸ ਨੂੰ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅਸ਼ੀਸ਼ ਨਿਖੰਜ, ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਕਿਹਾ ਸੀ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰਾਂ, ਨੰ:IHM/BTI/2018-19/1499, ਮਿਤੀ 15-02-2019, ਨੰ:IHM/BTI/2018-19/1593, ਮਿਤੀ 08-03-2019, ਅਤੇ ਨੰ:IHM/BTI/2019-20/583-585 ਮਿਤੀ 26-06-2019, ਰਾਹੀਂ ਅਪੀਲਕਰਤਾ ਨੂੰ ਨੁਕਤਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 30-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਦੋਵਾਂ ਧਿਰਾਂ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਪਿਛਲੀ ਪੇਸ਼ੀ, ਮਿਤੀ 16-07-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅਸ਼ੀਸ਼ ਨਿਖੰਜ, ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਕਿਹਾ ਸੀ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰਾਂ, ਨੰ:IHM/BTI/2018-19/1499, ਮਿਤੀ 15-02-2019, ਨੰ:IHM/BTI/2018-19/1593, ਮਿਤੀ 08-03-2019, ਅਤੇ ਨੰ:IHM/BTI/2019-20/583-585 ਮਿਤੀ 26-06-2019, ਰਾਹੀਂ ਅਪੀਲਕਰਤਾ ਨੂੰ ਨੁਕਤਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਦਾ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣਾ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜਣਾ,

ਪਰਤੋਂ ਜੀ---ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1359/2019

ਇਹ ਜ਼ਾਹਿਰ ਕਰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦੀ। ਇਸ ਕਰਕੇ ਇਸ ਕੇਸ ਵਿੱਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 30 **ਜੁਲਾਈ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਕੇਸ ਕੁਮਾਰ,
ਪੁੱਤਰ ਸ਼੍ਰੀ ਨੇਮ ਚੰਦ,
ਮਾਰਫ਼ਤ ਸ਼੍ਰੀ ਪੰਕਜ ਵਰਮਾ, ਵਕੀਲ,
ਚੈਂਬਰ ਨੰ:506, ਯਾਦਵਿੰਦਰਾ ਕੋਰਟ ਕੰਪਲੈਕਸ,
ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਮੁੱਖ ਡਾਇਰੈਕਟਰ,
ਵਿਜੀਲੈਂਸ ਬਿਊਰੋ ਪੰਜਾਬ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਮੱਖ ਡਾਇਰੈਕਟਰ,
ਵਿਜੀਲੈਂਸ ਬਿਊਰੋ ਪੰਜਾਬ, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:1678 /2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਸ਼੍ਰੀ ਕਰਨ ਸ਼ਰਮਾ, ਐਡਵੋਕੇਟ (98036-05576)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. (98888-05958)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-01-2019, ਲੋਕ ਸੂਚਨਾ ਅਧਿਕਾਰੀ ਦਫਤਰ ਮੁੱਖ ਡਾਇਰੈਕਟਰ, ਵਿਜੀਲੈਂਸ ਬਿਊਰੋ ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਵਧੀਕ ਡਾਇਰੈਕਟਰ (ਉਦਯੋਗਿਕ ਸਿਖਲਾਈ) ਅਤੇ ਹੋਰਨਾਂ ਅਧਿਕਾਰੀਆਂ ਵੱਲੋਂ ਵੱਖ-ਵੱਖ ਸ਼੍ਰੇਣੀਆਂ ਦੀਆਂ ਆਸਾਮੀਆਂ ਲਈ ਉਮੀਦਵਾਰਾਂ ਦੀ ਭਰਤੀ ਕਰਦੇ ਸਮੇਂ ਕੀਤੇ ਗਏ ਭਰਤੀ ਘੋਟਾਲੇ ਦੀ ਜਾਂਚ ਕਰਾਉਣ ਵਾਸਤੇ ਕੀਤੀਆਂ ਗਈਆਂ ਸ਼ਿਕਾਇਤਾਂ, ਮਿਤੀ 07-6-17, 8-06-17, 31-7-17, 3-8-17 ਅਤੇ ਚਿਤਾਵਨੀ ਪੱਤਰ, ਮਿਤੀ 9-08-2018 ਅਤੇ 21-9-18 ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਕਰਨ ਸ਼ਰਮਾ, ਐਡਵੋਕੇਟ ਨੇ ਕਿਹਾ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. ਨੇ ਕਿਹਾ ਕਿ ਅਪੀਲਕਰਤਾ ਦੀਆਂ ਸ਼ਿਕਾਇਤਾਂ ਬਾਰੇ ਅਜੇ ਪੜਤਾਲ ਚੱਲ ਰਹੀ ਹੈ ਜਿਸ ਕਾਰਨ ਉਸ ਨੂੰ ਅਜੇ ਸੂਚਨਾ ਨਹੀਂ ਦਿੱਤੀ ਜਾ ਸਕਦੀ ਅਤੇ ਜਿਸ ਬਾਰੇ ਅਪੀਲਕਰਤਾ ਨੂੰ ਸਮੇਂ-ਸਮੇਂ ਤੇ ਸੂਚਿਤ ਕੀਤਾ ਜਾਂਦਾ ਰਿਹਾ ਹੈ। ਉੱਤਰਦਾਤਾ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:33733/ਵਬ/ਐਸ-14, ਮਿਤੀ 16-07-2019, ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਪਿੱਠ ਅੰਕਿਤ ਕੀਤੀ ਹੋਈ ਹੈ, ਰਾਹੀਂ ਕਮਿਸ਼ਨ ਨੂੰ ਵੀ ਵਿਸਥਾਰ-ਪੂਰਵਕ ਸੂਚਿਤ ਕੀਤਾ ਹੋਇਆ ਹੈ। ਅਪੀਲਕਰਤਾ ਦੇ ਨੁਮਾਇੰਦੇ ਨੇ ਕਿਹਾ ਕਿ ਉਸ ਨੂੰ ਹਾਲ ਦੀ ਘੜੀ ਉਸ ਵੱਲੋਂ ਕੀਤੀਆਂ ਗਈਆਂ ਸ਼ਿਕਾਇਤਾਂ ਦੀਆਂ ਕਾਪੀਆਂ ਦੇ ਦਿੱਤੀਆਂ ਜਾਣ ਅਤੇ ਪੜਤਾਲ ਮੁੰਕਮਲ ਹੋਣ ਉਪਰੰਤ ਪੜਤਾਲ ਰਿਪੋਰਟ ਦੀ ਕਾਪੀ ਦੇ ਦਿੱਤੀ ਜਾਵੇ। ਦੋਵਾਂ ਧਿਰਾਂ ਵਿੱਚ ਕੁੱਝ ਵਿਚਾਰ-ਵਟਾਂਦਰੇ ਉਪਰੰਤ ਆਪਸੀ ਸਹਿਮਤੀ ਨਾਲ ਇਹ ਫੈਸਲਾ ਹੋਇਆ ਕਿ ਅਪੀਲਕਰਤਾ ਉੱਤਰਦਾਤਾ (ਲੋਕ ਸੂਚਨਾ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1678 /2019

ਅਧਿਕਾਰੀ) ਦੇ ਦਫ਼ਤਰ ਜਾ ਕੇ ਹਾਜ਼ਰ ਉੱਤਰਦਾਤਾ, ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. ਨੂੰ ਮਿਲ ਕੇ ਸ਼ਿਕਾਇਤਾਂ ਦੀਆਂ ਕਾਪੀਆਂ ਪ੍ਰਾਪਤ ਕਰੇਗਾ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਸ਼ਿਕਾਇਤਾਂ ਦੀਆਂ ਕਾਪੀਆਂ ਦੇ ਦਿੱਤੀਆਂ ਜਾਣ ਅਤੇ ਪੜਤਾਲ ਮੁੰਕਮਲ ਹੋਣ ਉਪਰੰਤ ਪੜਤਾਲ ਰਿਪੋਰਟ ਦੀ ਕਾਪੀ ਦੇ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 30 **ਜੁਲਾਈ,** 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੀਮਤੀ ਲਾਲ ਕਸ਼ਿਅਪ, (78975-7100)
ਪੁੱਤਰ ਸ਼੍ਰੀ ਕ੍ਰਿਸ਼ਨ ਲਾਲ ਕਸ਼ਿਅਪ,
ਵਾਸੀ ਟੀਚਰ ਕਲੌਨੀ, ਨਵਾਂ ਸ਼ਹਿਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਸ਼ਹੀਦ ਭਗਤ ਸਿੰਘ ਨਗਰ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:400/2019**

**ਹਾਜ਼ਰ:-**

1) ਸ਼੍ਰੀ ਕੀਮਤੀ ਲਾਲ ਕਸ਼ਿਅਪ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ, ਸ਼੍ਰੀ ਜੀ.ਬੀ. ਸ਼ਰਮਾ, ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਰਾਹੋਂ (97802-00315), ਸ਼੍ਰੀ ਮਨਜੀਤ ਸਿੰਘ, ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਬਲਾਚੌਰ (98148-00566) ਅਤੇ ਸ਼੍ਰੀ ਯਸ਼ਪਾਲ ਸਿੰਘ, ਐਸ.ਆਈ.-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ, ਬੰਗਾ (88729-40333)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 13-02-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਜਨਵਰੀ, 2003 ਤੋਂ ਲੈ ਕੇ ਜਨਵਰੀ, 2019 ਤੱਕ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀਆਂ ਸਾਰੀਆਂ ਤਹਿਸੀਲਾਂ ਦੀਆਂ ਨਗਰ ਕੌਂਸਿਲਾਂ ਪਾਸੋਂ ਲੀਗਲ ਨੋਟਿਸ ਅਤੇ ਇਮਾਰਤਾਂ ਦੇ ਨਕਸ਼ਿਆਂ ਸਮੇਤ ਸਾਰੇ ਨਗਰ ਕੌਂਸਿਲਾਂ ਦੇ ਪ੍ਰਧਾਨਾਂ ਦੀਆਂ ਨਾਮੀਨੇਸ਼ਨ ਰਿਕਾਰਡ ਅਤੇ ਅਲੱਗ-ਅਲੱਗ ਟੈਕਸਾਂ ਰਾਹੀਂ ਪ੍ਰਾਪਤ ਕੀਤੇ ਗਏ ਰੁਪਏ ਆਦਿ ਨਾਲ ਸਬੰਧਤ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਵੱਲੋਂ ਆਪਣੇ ਪੱਤਰ ਮਿਤੀ 27-02-2019 ਰਾਹੀਂ ਸ਼ਿਕਾਇਤਕਰਤਾ ਦੀ ਆਰੀ.ਟੀ.ਆਈ. ਅਰਜ਼ੀ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 6(3) ਤਹਿਤ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਨਵਾਂ ਸ਼ਹਿਰ, ਬੰਗਾ, ਬਲਾਚੌਰ ਅਤੇ ਰਾਹੋਂ ਨੂੰ ਤਬਦੀਲ ਕਰਦੇ ਹੋਏ ਅਪੀਲਕਰਤਾ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 25-04-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 26-06-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 30-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਜੀ.ਬੀ. ਸ਼ਰਮਾ, ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਰਾਹੋਂ ਨੇ ਪੱਤਰ ਨੰ:1259, ਮਿਤੀ 29-07-2019 ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਨਗਰ ਕੌਂਸਿਲ ਰਾਹੋਂ ਨਾਲ ਸਬੰਧਤ ਉਨ੍ਹਾਂ ਕੋਲ ਉਪਲਬਧ ਸੂਚਨਾ ਆਪਣੇ ਪੱਤਰ ਨੰ:484, ਮਿਤੀ 12-03-2019 ਰਾਹੀਂ ਸ਼ਿਕਾਇਤਕਰਤਾ ਨੂੰ ਭੇਜ਼ ਦਿੱਤੀ ਗਈ ਸੀ ਅਤੇ ਬਾਕੀ ਰਹਿੰਦੀ ਸੂਚਨਾ ਬਾਰੇ ਵਾਧੂ ਖਰਚੇ (ਫੋਟੋਸਟੈਟ) ਵਜੋਂ 76062/-ਰੁਪਏ (ਕੇਵਲ ਛਿਅੱਤਰ ਹਜ਼ਾਰ, ਬਾਹਠ ਰੁਪਏ) ਦੀ ਸ਼ਿਕਾਇਤਕਰਤਾ ਕੋਲੋਂ ਮੰਗ ਕੀਤੀ ਗਈ ਸੀ। ਪਰੰਤੂ ਸ਼ਿਕਾਇਤਕਰਤਾ ਵੱਲੋਂ ਇਹ ਰਕਮ ਨਗਰ ਕੌਂਸਿਲ ਦੇ ਖਾਤੇ ਵਿੱਚ ਜਮ੍ਹਾਂ ਨਹੀਂ ਕਰਵਾਈ ਗਈ ਜਿਸ ਕਰਕੇ ਸ਼ਿਕਾਇਤਕਰਤਾ ਨੂੰ ਬਾਕੀ ਰਹਿੰਦੀ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕੀ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਮਨਜੀਤ ਸਿੰਘ, ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਬਲਾਚੌਰ ਨੇ ਪੱਤਰ ਨੰ:1352, ਮਿਤੀ 22-07-2019 ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:489, ਮਿਤੀ 20-03-2019 ਰਾਹੀਂ ਸ਼ਿਕਾਇਤਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਨਾਲ ਸਬੰਧਤ ਰਿਕਾਰਡ ਦੀਆਂ ਕਾਪੀਆਂ ਕਰਾਉਣ ਲਈ ਵਾਧੂ ਖਰਚੇ ਵਜੋਂ 90200/-ਰੁਪਏ (ਕੇਵਲ ਨੱਬੇ ਹਜ਼ਾਰ, ਦੋ ਸੌ ਰੁਪਏ) ਜਮ੍ਹਾਂ ਕਰਾਉਣ ਲਈ ਲਿਖਿਆ ਗਿਆ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਸੀ ਪਰੰਤੂ ਸ਼ਿਕਾਇਤਕਰਤਾ ਵੱਲੋਂ ਇਹ ਰਕਮ ਨਗਰ ਕੌਂਸਿਲ ਦੇ ਖਾਤੇ ਵਿੱਚ ਜਮ੍ਹਾਂ ਨਹੀਂ ਕਰਵਾਈ ਗਈ ਜਿਸ ਕਰਕੇ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਯਸ਼ਪਾਲ ਸਿੰਘ, ਐਸ.ਆਈ.-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ, ਬੰਗਾ ਨੇ ਪੱਤਰ ਨੰ:1360, ਮਿਤੀ 29-07-2019 ਪੇਸ਼ ਕਰਦੇ ਹੋਏ ਕਿਹਾ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਸਪੈਸਫਿਕ ਨਾ ਹੋਣ ਕਾਰਨ ਉਨ੍ਹਾਂ ਵੱਲੋਂ ਆਪਣੇ ਪੱਤਰ ਪੱਤਰ ਨੰ:349, ਮਿਤੀ 13-02-2019 ਅਤੇ ਨੰ:744, ਮਿਤੀ 25-04-2019 ਰਾਹੀਂ ਸ਼ਿਕਾਇਤਕਰਤਾ ਨੂੰ ਦਫ਼ਤਰ ਆ ਕੇ ਰਿਕਾਰਡ ਵੇਖਣ ਲਈ ਲਿਖਿਆ ਗਿਆ ਸੀ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਉਪਰੋਕਤ ਪੱਤਰ ਵਿਸ਼ੇਸ਼ ਸੇਵਾਦਾਰ ਰਾਹੀਂ ਸ਼ਿਕਾਇਤਕਰਤਾ ਦੀ ਰਿਹਾਇਸ਼ ਤੇ ਦਸਤੀ ਭੇਜੇ ਗਏ ਸਨ ਪਰੰਤੂ ਸ਼ਿਕਾਇਤਕਰਤਾ ਨੇ ਪੱਤਰ ਲੈਣ ਤੋਂ ਇੰਨਕਾਰ ਕਰ ਦਿੱਤਾ ਅਤੇ ਇਹ ਵੀ ਕਿਹਾ ਕਿ ਉਸ ਨੂੰ ਸੂਚਨਾ ਡਾਕ ਰਾਹੀਂ ਦਿੱਤੀ ਜਾਵੇ। ਫਿਰ ਉਨ੍ਹਾਂ ਵੱਲੋਂ ਇਸ ਬਾਰੇ ਸੂਚਨਾ RP 777319333 IN IVR:8280777319333, ਮਿਤੀ 03-05-2019 ਰਾਹੀਂ ਰਜਿਸਟਰਡ ਡਾਕ ਰਾਹੀਂ ਭੇਜੀ ਗਈ ਸੀ। ਪਰ ਫਿਰ ਵੀ ਸ਼ਿਕਾਇਤਕਰਤਾ ਰਿਕਾਰਡ ਵੇਖਣ ਵਾਸਤੇ ਦਫ਼ਤਰ ਹਾਜ਼ਰ ਨਹੀਂ ਹੋਏ। ਉਨ੍ਹਾਂ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਸਬੰਧੀ ਸ਼ਿਕਾਇਤਕਰਤਾ ਦੀ ਪਹਿਲੀ ਅਪੀਲੀ ਅਥਾਰਟੀ ਕੋਲ ਦਾਇਰ ਕੀਤੀ ਗਈ ਅਪੀਲ ਵੀ ਵਿਚਾਰ ਅਧੀਨ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

6. ਉਪਰੋਕਤ ਪੈਰ੍ਹਾ 3, 4 ਅਤੇ 5 ਵਿੱਚ ਦਰਸਾਈ ਗਈ ਸਥਿਤੀ ਤੋਂ ਸਪੱਸ਼ਟ ਹੈ ਕਿ ਸਬੰਧਤ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਮਿਤੀ 13-02-2019 ਤੇ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਕਾਰਵਾਈ ਨਿਰਧਾਰਿਤ ਸਮੇਂ ਅੰਦਰ-ਅੰਦਰ ਕਰਦੇ ਹੋਏ ਉਨ੍ਹਾਂ ਕੋਲ ਉਪਲਬਧ ਸੂਚਨਾ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾ ਦਿੱਤੀ ਗਈ ਸੀ ਅਤੇ ਬਾਕੀ ਰਹਿੰਦੀ ਸੂਚਨਾ ਲਈ ਬਣਦੀ ਸੂਚਨਾ ਫੀਸ ਜਮ੍ਹਾਂ ਕਰਾਉਣ ਲਈ ਸ਼ਿਕਾਇਤਕਰਤਾ ਨੂੰ ਲਿਖਿਆ ਗਿਆ ਸੀ ਪਰੰਤੂ ਸ਼ਿਕਾਇਤਕਰਤਾ ਵੱਲੋਂ ਸਬੰਧਤ ਦਫ਼ਤਰ ਕੋਲ ਬਣਦੀ ਫੀਸ ਜਮ੍ਹਾਂ ਨਹੀਂ ਕਰਵਾਈ ਗਈ ਹੈ। ਸਬੰਧਤ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਮਿਤੀ 13-02-2019 ਤੇ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਕਾਰਵਾਈ ਨਿਰਧਾਰਿਤ ਸਮੇਂ ਅੰਦਰ ਕਰਨ ਕਾਰਨ ਇਹ ਸ਼ਿਕਾਇਤ ਕੇਸ ਵੀ ਨਹੀਂ ਬਣਦਾ। ਸ਼ਿਕਾਇਤਕਰਤਾ ਨੂੰ ਕਮਿਸ਼ਨ ਕੋਲ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨੀ ਚਾਹੀਦੀ ਸੀ। ਫਿਰ ਵੀ ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਬੰਧਤ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਕੋਲ ਮੰਗੀ ਗਈ ਸੂਚਨਾ ਲਈ ਨਿਯਮਾਂ ਤਹਿਤ ਬਣਦੀ ਫੀਸ ਜਮ੍ਹਾਂ ਕਰਵਾ ਕੇ ਸੂਚਨਾ ਪ੍ਰਾਪਤ ਕਰ ਲਈ ਜਾਵੇ। ਸਬੰਧਤ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਲਈ ਨਿਯਮਾਂ ਤਹਿਤ ਬਣਦੀ ਫੀਸ ਜਮ੍ਹਾਂ ਕਰਵਾਉਣ ਉਪਰੰਤ ਉਸ ਨੂੰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 30 ਜੁਲਾਈ, 2019.**

**ਕਾਪੀ:-**

1) ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਰਾਹੋਂ।
2) ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਬਲਾਚੌਰ।
3) ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ ਨਗਰ ਕੌਂਸਿਲ, ਬੰਗਾ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਸਿੰਘ,
ਪੁੱਤਰ ਸ਼੍ਰੀ ਕਿਸ਼ਨ ਸਿੰਘ
ਮਕਾਨ ਨੰ:39,ਰਣਜੀਤ ਨਗਰ,ਨਾਭਾ,
ਜ਼ਿਲ੍ਹਾ ਪਟਿਆਲਾ।                                   ------ ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਸੰਗਰੂਰ।                                   -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:403/2019**

**ਹਾਜ਼ਰ:-**

1) ਸ਼੍ਰੀ ਰਾਜਿੰਦਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ, ਸ਼੍ਰੀ ਕੁਲਵਿੰਦਰ ਸਿੰਘ, ਵੀ.ਡੀ.ਓ. ਬਲਾਕ ਭਵਾਨੀਗੜ੍ਹ (98787-69844)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 31-01-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਬਲਾਕ ਭਵਾਨੀਗੜ੍ਹ ਦੇ ਪਿੰਡ ਮਾਂਝੀ ਦੀ ਗ੍ਰਾਮ ਪੰਚਾਇਤ ਦੇ ਨਾਮ ਤੇ ਕੁੱਲ ਸ਼ਾਮਲਾਟ ਜ਼ਮੀਨ, ਉਸ ਤੇ ਨਜਾਇਜ਼ ਕਬਜੇ ਅਤੇ ਨਜਾਇਜ਼ ਕਬਜੇ ਨੂੰ ਛੁਡਾਉਣ ਲਈ ਕੀਤੀ ਗਈ ਕਾਰਵਾਈ ਨਾਲ ਸਬੰਧਤ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਵੱਲੋਂ ਆਪਣੇ ਪੱਤਰ ਨੰ:167/ਆਰ.ਟੀ.ਆਈ., ਮਿਤੀ 06-02-2019 ਰਾਹੀਂ ਸ਼ਿਕਾਇਤਕਰਤਾ ਦੀ ਆਰੀ.ਟੀ.ਆਈ. ਅਰਜ਼ੀ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ-ਕਮ- ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਸੰਗਰੂਰ ਨੂੰ ਤਬਦੀਲ ਕਰ ਦਿੱਤੀ ਗਈ ਸੀ। ਲੋਕ ਸੂਚਨਾ ਅਧਿਕਾਰੀ-ਕਮ-ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਸੰਗਰੂਰ ਵੱਲੋਂ ਆਪਣੇ ਪੱਤਰ ਨੰ:173-175/ਆਰ.ਟੀ.ਆਈ./ਡੀ.ਏ., ਮਿਤੀ 14-03-2019 ਰਾਹੀਂ ਸ਼ਿਕਾਇਤਕਰਤਾ ਦੀ ਆਰੀ.ਟੀ.ਆਈ. ਅਰਜ਼ੀ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ-ਕਮ- ਬਲਾਕਾ ਵਿਕਾਸ ਤੇ ਪੰਚਾਇਤ ਅਫਸਰ, ਭਵਾਨੀਗੜ੍ਹ ਰਾਹੀਂ ਤਹਿਸੀਲਦਾਰ, ਭਵਾਨੀਗੜ੍ਹ ਨੂੰ ਤਬਦੀਲ ਕਰ ਦਿੱਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 30-04-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 26-06-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 30-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਪੱਤਰ, ਮਿਤੀ 30-07-2019 ਪੇਸ਼ ਕਰਦੇ ਹੋਏ ਕਿਹਾ ਕਿ ਉਸ ਨੂੰ ਲੋਕ ਸੂਚਨਾ ਅਧਿਕਾਰੀ-ਕਮ- ਬਲਾਕਾ ਵਿਕਾਸ ਤੇ ਪੰਚਾਇਤ ਅਫਸਰ, ਭਵਾਨੀਗੜ੍ਹ ਵੱਲੋਂ ਜੋ ਪੱਤਰ, ਮਿਤੀ 12-07-2019 ਰਾਹੀਂ ਸੂਚਨਾ ਦਿੱਤੀ ਗਈ ਹੈ ਉਹ ਅਧੂਰੀ ਅਤੇ ਗਲਤ ਹੈ। ਇਸ ਲਈ ਉਸ ਨੇ ਮੁਕੰਮਲ ਅਤੇ ਸਹੀ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਸ਼ਿਕਾਇਤਕਰਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇਕਰਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕੁਲਵਿੰਦਰ ਸਿੰਘ, ਵੀ.ਡੀ.ਓ. ਬਲਾਕ ਭਵਾਨੀਗੜ੍ਹ ਨੇ ਹਾਜ਼ਰ ਹੋ ਕੇ ਪੱਤਰ, ਮਿਤੀ 12-07-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਰਾਹੀਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ ਬਾਰੇ ਸ਼ਿਕਾਇਤਕਰਤਾ ਪਹਿਲਾਂ ਹੀ ਕਹਿ ਚੁੱਕਾ ਹੈ ਕਿ ਇਹ ਸੂਚਨਾ ਅਧੂਰੀ ਅਤੇ ਗਲਤ ਹੈ।ਹਾਜ਼ਰ ਉੱਤਰਤਦਾਤਾ ਵਲੋਂ ਪੇਸ਼ ਕੀਤੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਤੇ ਵੀ ਨਾ-ਤਸੱਲੀਬ੍ਰਖਸ਼ ਪਾਇਆ ਗਿਆ ਹੈ ਕਿਉਂਕਿ ਇਹ ਜਵਾਬ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਦੇ ਅਨੁਕੂਲ ਨਹੀਂ ਹੈ। ਇਸ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ ਲੋਕ ਸੂਚਨਾ ਅਧਿਕਾਰੀ-ਕਮ-ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਭਵਾਨੀਗੜ੍ਹ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ

ਪਰਤੋ ਜੀ---ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:403/2019**

ਸ਼ਿਕਾਇਤਕਰਤਾ ਵੱਲੋਂ ਮੰਗੀ ਗਈ, ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 26-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 30 ਜੁਲਾਈ, 2019.**

**ਕਾਪੀ:-**

1) ਲੋਕ ਸੂਚਨਾ ਅਧਿਕਾਰੀ-ਕਮ-
ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਸੰਗਰੂਰ।

2) ਲੋਕ ਸੂਚਨਾ ਅਧਿਕਾਰੀ-ਕਮ-
ਬਲਾਕਾ ਵਿਕਾਸ ਤੇ ਪੰਚਾਇਤ ਅਫਸਰ, ਭਵਾਨੀਗੜ੍ਹ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਵੇਕ ਮਾਰਕੰਡਾ
ਮਕਾਨ ਨੰ:12, ਟੀਚਰ ਕਲੋਨੀ,
ਨਵਾਂ ਸ਼ਹਿਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ ਆਫ ਕੰਪਨੀਜ਼, ਪੰਜਾਬ,
ਚੰਡੀਗੜ੍ਹ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 405/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਕੋਈ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 19-01-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ ਆਫ ਕੰਪਨੀਜ਼, ਪੰਜਾਬ, ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੂਗਰ ਮਿੱਲ ਨਵਾਂ ਸ਼ਹਿਰ ਵਿੱਚ ਸਥਿਤ ਕੋ-ਜਨਰੇਸ਼ਨ ਪਾਵਰ ਪਲਾਂਟ, ਲਿਮਟਿਡ (ਰਜਿਸਟਰੇਸ਼ਨ ਨੰ:31581) ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 30-04-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 26-06-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 30-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ, ਮਿਤੀ 29-07-2019 ਰਾਹੀਂ ਭੇਜੇ ਗਏ ਪੱਤਰ, ਮਿਤੀ 27-07-2019 ਰਾਹੀਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਦਫਤਰ ਦੀ ਰਿਪੋਰਟ ਅਨੁਸਾਰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਭੇਜਿਆ ਗਿਆ ਸੁਣਵਾਈ ਨੋਟਿਸ ਡਾਕਖਾਨੇ ਤੋਂ ਅਧੂਰੇ ਐਡਰੈਸ ਦੇ ਕਥਨ ਨਾਲ ਅਣ-ਵੰਡਿਆ ਵਾਪਸ ਪ੍ਰਾਪਤ ਹੋ ਗਿਆ ਹੈ। ਇਸ ਲਈ ਨੋਟਿਸ ਦੁਬਾਰਾ ਭੇਜਿਆ ਜਾਵੇ। ਇਹ ਕੇਸ **ਅਗਲੀ ਸੁਣਵਾਈ ਮਿਤੀ 26-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 30 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜੀਤ ਸਿੰਘ, (9781697484)
ਪੁੱਤਰ ਸ਼੍ਰੀ ਪੈੜ ਸਿੰਘ,
ਵਾਸੀ ਪਿੰਡ ਨੂਰੇ ਕੇ, ਤਹਿਸੀਲ ਗੁਰੂ ਹਰਸਹਾਏ,
ਜ਼ਿਲ੍ਹਾ ਫਿਰੋਜ਼ਪੁਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ,
ਫਿਰੋਜ਼ਪੁਰ ਡਿਵੀਜਨ, ਫਿਰੋਜ਼ਪੁਰ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:419/ 2019**

**ਹਾਜ਼ਰ:-**

1) ਸ਼੍ਰੀ ਜੀਤ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 22-01-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਫਿਰੋਜ਼ਪੁਰ ਡਿਵੀਜਨ, ਫਿਰੋਜ਼ਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਡਾਕ ਰਾਹੀਂ ਭੇਜੀ ਗਈ ਆਪਣੀ ਦਰਖਾਸਤ, ਮਿਤੀ 05-05-2017 ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 02-05-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 26-06-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 30-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:ਅਸ-1/ਟੀ.ਐਸ.ਆਰ.-74/2019/2927, ਮਿਤੀ 05-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:ਅਸ-1/ਟੀ.ਐਸ.ਆਰ.-74/2019/543, ਮਿਤੀ 08-02-2019 ਰਾਹੀਂ ਸ਼ਿਕਾਇਤਕਰਤਾ ਨ ਨੂੰ ਸੂਚਿਤ ਕਰ ਦਿੱਤਾ ਗਿਆ ਸੀ ਕਿ ਉਸ ਦੀ ਦਰਖਾਸਤ ਮਿਤੀ 04-05-2017 ਜੋ ਕਿ ਉਨ੍ਹਾਂ ਨੂੰ 05-05-2017 ਨੂੰ ਪ੍ਰਾਪਤ ਹੋਈ ਦੀ ਪੜਤਾਲ ਡਿਪਟੀ ਕਮਿਸ਼ਨਰ, ਫਿਰੋਜ਼ਪੁਰ ਪਾਸ ਚੱਲ ਰਹੀ ਹੈ, ਜੋ ਅਜੇ ਕਾਰਵਾਈ ਅਧੀਨ ਹੋਣ ਕਰਕੇ ਆਰ.ਟੀ.ਆਈ. ਐਕਟ, 2005 ਤਹਿਤ ਸੂਚਨਾ ਨਹੀਂ ਦਿੱਤੀ ਜਾ ਸਕਦੀ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਮਿਤੀ 04-05-2017 (ਪ੍ਰਾਪਤੀ ਮਿਤੀ 05-05-2017) ਤੇ ਕੀਤੀ ਜਾ ਰਹੀ ਕਾਰਵਾਈ ਬਾਰੇ ਆਰ.ਟੀ.ਆਈ. ਐਕਟ, 2005 ਤਹਿਤ ਨਿਰਧਾਰਿਤ ਸਮੇਂ ਅੰਦਰ ਸ਼ਿਕਾਇਤਕਰਤਾ ਨੂੰ ਸੂਚਿਤ ਕਰ ਦਿੱਤਾ ਗਿਆ ਸੀ ਜਿਸ ਕਰਕੇ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਸ਼ਿਕਾਇਤਕਰਤਾ ਨੂੰ ਕਮਿਸ਼ਨ ਕੋਲ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨੀ ਚਾਹੀਦੀ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ਼ਿਕਾਇਤਕਰਤਾ ਨੂੰ ਭੇਜੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਉਂਦੇ ਹੋਏ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 30 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕ੍ਰਿਸ਼ਨ ਗੋਪਾਲ ਸਿੰਗਲਾ, (80540-20388)
ਵਾਰਡ ਨੰ:16-ਬੀ/190 ਸੰਗਰੂਰ ਰੋਡ, ਧੂਰੀ,
ਜ਼ਿਲ੍ਹਾ ਸੰਗਰੂਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਜਨਰਲ, ਪੁਲਿਸ, ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਜਨਰਲ, ਪੁਲਿਸ, ਪੰਜਾਬ,
ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ: 1623 /2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪ੍ਰਸ਼ੋਤਮ ਕੁਮਾਰ, ਐਸ.ਆਈ.(94171-31510)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-09-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਜਨਰਲ, ਪੁਲਿਸ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਿਸੇ ਵੀ ਕੇਸ ਜਾਂ ਅਪਰਾਧਿਕ ਮਾਮਲੇ ਵਿੱਚ ਤਪਤੀਸ਼ ਜਾਂ ਪੜਤਾਲ ਬਾਰੇ ਪੜਤਾਲੀਆ ਅਫਸਰ ਵੱਲੋ ਤਿਆਰ ਕੀਤੀ ਜਾਣ ਵਾਲੀ ਕੇਸ ਡਾਇਰੀ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅਧਿਕਾਰਿਤ ਨੁਮਾਇੰਦੇ, ਸ਼੍ਰੀ ਪ੍ਰੇਮ ਕੁਮਾਰ ਰਤਨ ਨੇ ਆਪਣੇ ਪੱਤਰ, ਮਿਤੀ 09-07-2019 ਰਾਹੀਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਪ੍ਰਸ਼ੋਤਮ ਕੁਮਾਰ, ਐਸ.ਆਈ. ਨੇ ਕਿਹਾ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਮਿਤੀ 13-09-2018 ਅਤੇ ਅਪੀਲ, ਮਿਤੀ 24-10-2018 ਉਨ੍ਹਾਂ ਦੇ ਦਫ਼ਤਰ ਦੇ ਰਿਕਾਰਡ ਵਿੱਚ ਪ੍ਰਾਪਤ ਨਹੀਂ ਹੋਈਆਂ ਜਿਸ ਕਰਕੇ ਕੋਈ ਸੂਚਨਾ ਨਹੀਂ ਦਿੱਤੀ ਜਾ ਸਕਦੀ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:2041/ਆਰ.ਟੀ.ਆਈ.-2, ਮਿਤੀ 08-07-2019 ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ।

4. ਇਸ ਕੇਸ ਵਿੱਚ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਇੱਕ ਵੱਖਰੇ ਕੇਸ ਨੰ:1624 ਆਫ 2019 ਵਿੱਚ ਵੀ ਸੀਨੀਅਰ ਕਪਤਾਨ ਪੁਲਿਸ, ਸੰਗਰੂਰ ਕੋਲੋਂ ਮੰਗੀ ਗਈ ਸੀ ਅਤੇ ਉਸ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਉਹ ਕੇਸ ਪਹਿਲਾਂ ਹੀ ਦਾਖਲ ਦਫਤਰ ਕੀਤਾ ਜਾ ਚੁੱਕਾ ਹੈ। ਇਸ ਕਰਕੇ ਹਥਲੇ ਕੇਸ ਵਿੱਚ ਵੀ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 30 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜੇਸ਼ ਗੁਪਤਾ, (94171-89131)
ਪ੍ਰਧਾਨ ਸੋਸ਼ਨ ਰਿਫਾਰਮਜ਼,
#21/5 ਆਸ਼ਾ ਪੁਰੀ, ਬਾੜੇਵਾਲ,
ਲੁਧਿਆਣਾ-141012. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:1637/2019**

**ਹਾਜ਼ਰ:-**

1) ਸ਼੍ਰੀ ਰਾਜੇਸ਼ ਗੁਪਤਾ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨਦੇਵ ਸਿੰਘ, ਐਸ.ਆਈ. (78887-41866)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-11-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ ਆਫ਼ ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਲੁਧਿਆਣਾ ਸ਼ਹਿਰ ਵਿਖੇ ਮਿਤੀ 23-12-2018 ਨੂੰ ਹੋਈ ਭਗਵਾਨ ਜਗਨ ਨਾਥ ਯਾਤਰਾ ਸਬੰਧੀ ਆਗਿਆ ਪ੍ਰਾਪਤ ਕਰਨ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 01-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨਦੇਵ, ਐਸ.ਆਈ. ਨੇ ਪੱਤਰ ਨੰ:ਏ.ਸੀ. 1637/ਆਰ.ਟੀ.ਆਈ., ਮਿਤੀ 25-07-2019 ਰਾਹੀਂ ਵਿਸਥਾਰ ਪੂਰਵਕ ਜਵਾਬ ਪੇਸ਼ ਕੀਤਾ ਹੈ ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਦਸਤੀ ਦੇ ਦਿੱਤੀ ਗਈ ਹੈ, ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,30 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜੇਸ਼ ਗੁਪਤਾ, (94171-89131)
ਪ੍ਰਧਾਨ ਸੋਸ਼ਨ ਰਿਫਾਰਮਜ਼,
#21/5 ਆਸ਼ਾ ਪੁਰੀ, ਬਾੜੇਵਾਲ,
ਲੁਧਿਆਣਾ-141012. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,!
ਦਫਤਰ ਡਿਪਟੀ ਕਮਿਸ਼ਨਰ,! ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:1638/2019**

**ਹਾਜ਼ਰ:-**

1) ਸ਼੍ਰੀ ਰਾਜੇਸ਼ ਗੁਪਤਾ, ਅਪੀਲਕਰਤਾ ।
2) ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨਦੇਵ ਸਿੰਘ, ਐਸ.ਆਈ. (78887-41866)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-11-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ ਆਫ਼ ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਲੁਧਿਆਣਾ ਸ਼ਹਿਰ ਵਿਖੇ ਮਿਤੀ 23-12-2018 ਨੂੰ ਹੋਈ ਭਗਵਾਨ ਜਗਨ ਨਾਥ ਯਾਤਰਾ ਸਬੰਧੀ ਆਗਿਆ ਪ੍ਰਾਪਤ ਕਰਨ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 01-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨਦੇਵ, ਐਸ.ਆਈ. ਨੇ ਪੱਤਰ ਨੰ:ਏ.ਸੀ. 1638/ਆਰ.ਟੀ.ਆਈ., ਮਿਤੀ 25-07-2019 ਰਾਹੀਂ ਵਿਸਥਾਰ ਪੂਰਵਕ ਜਵਾਬ ਪੇਸ਼ ਕੀਤਾ ਹੈ ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਦਸਤੀ ਦੇ ਦਿੱਤੀ ਗਈ ਹੈ, ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,30 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**